# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 16-05-2024**

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਦਾਖ਼ਲ ਨਾਮਜ਼ਦਗੀਆਂ ਦੀ ਪੜਤਾਲ ਤੋਂ ਬਾਅਦ ਸਾਰੇ 13 ਹਲਕਿਆਂ ਵਿੱਚ 355 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ ਨੇ। ਸੂਬੇ ਵਿੱਚ ਕੁੱਲ 466 ਉਮੀਦਵਾਰਾਂ ਨੇ 598 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ 17 ਮਈ ਤੱਕ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਣਗੇ ਅਤੇ ਉਸ ਤੋਂ ਬਾਅਦ ਸਥਿਤੀ ਸਪੱਸ਼ਟ ਹੋ ਜਾਵੇਗੀ ਕਿ 13 ਲੋਕ ਸਭਾ ਸੀਟਾਂ ਲਈ ਕਿੰਨੇ ਉਮੀਦਵਾਰ ਚੋਣ ਮੈਦਾਨ ਵਿੱਚ ਨੇ। ਗੁਰਦਾਸਪੁਰ ਤੋਂ 40 ਉਮੀਦਵਾਰਾਂ ਨੇ 60 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 29 ਸਹੀ ਪਾਏ ਗਏ। ਅੰਮ੍ਰਿਤਸਰ ਤੋਂ 43 ਉਮੀਦਵਾਰਾਂ ਨੇ 53 ਨਾਮਜ਼ਦਗੀ ਪੱਤਰ ਦਾਖਲ ਕੀਤੇ, ਜਿਨ੍ਹਾਂ ਵਿੱਚੋਂ 33 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ।

ਖਡੂਰ ਸਾਹਿਬ ਤੋਂ 35 ਉਮੀਦਵਾਰਾਂ ਨੇ 43 ਨਾਮਜ਼ਦਗੀ ਪੱਤਰ ਦਾਖਲ ਕੀਤੇ, ਜਿਨ੍ਹਾਂ ਵਿੱਚੋਂ 30 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ। ਜਲੰਧਰ ਤੋਂ 27 ਉਮੀਦਵਾਰਾਂ ਨੇ 35 ਨਾਮਜ਼ਦਗੀ ਪੱਤਰ ਦਾਖਲ ਕੀਤੇ ਜਿਨ੍ਹਾਂ ਵਿੱਚੋਂ 20 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ ਨੇ। ਹੁਸ਼ਿਆਰਪੁਰ ਤੋਂ 23 ਉਮੀਦਵਾਰਾਂ ਨੇ 27 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 19 ਦੇ ਪੱਤਰ ਮਨਜ਼ੂਰ ਹੋਏ ਨੇ। ਆਨੰਦਪੁਰ ਸਾਹਿਬ ਤੋਂ 41 ਉਮੀਦਵਾਰਾਂ ਨੇ 56 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 29 ਦੇ ਪੱਤਰ ਮਨਜ਼ੂਰ ਕੀਤੇ ਗਏ। ਲੁਧਿਆਣਾ ਤੋਂ 57 ਉਮੀਦਵਾਰਾਂ ਨੇ 70 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 44 ਦੇ ਪੱਤਰ ਮਨਜ਼ੂਰ ਕੀਤੇ ਗਏ ਨੇ। ਫਤਿਹਗੜ੍ਹ ਸਾਹਿਬ ਤੋਂ 23 ਉਮੀਦਵਾਰਾਂ ਨੇ 33 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 15 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ ਨੇ। ਫਰੀਦਕੋਟ ਤੋਂ 34 ਉਮੀਦਵਾਰਾਂ ਨੇ 41 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 30 ਦੇ ਪੱਤਰ ਮਨਜ਼ੂਰ ਕੀਤੇ ਗਏ ਨੇ। ਫਿਰੋਜ਼ਪੁਰ ਤੋਂ 41 ਉਮੀਦਵਾਰਾਂ ਨੇ 48 ਨਾਮਜ਼ਦਗੀ ਪੱਤਰ ਦਾਖਲ

ਕੀਤੇ, ਜਿਨ੍ਹਾਂ ਵਿੱਚੋਂ 33 ਦੇ ਪੱਤਰ ਸਹੀ ਪਾਏ ਗਏ। ਬਠਿੰਡਾ ਤੋਂ 30 ਉਮੀਦਵਾਰਾਂ ਨੇ 40 ਨਾਮਜ਼ਦਗੀ ਪੱਤਰ ਦਾਖਲ ਕੀਤੇ, ਜਿਨ੍ਹਾਂ ਵਿੱਚੋਂ 20 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ। ਸੰਗਰੂਰ ਤੋਂ 38 ਉਮੀਦਵਾਰਾਂ ਨੇ 43 ਨਾਮਜ਼ਦਗੀ ਪੱਤਰ ਦਾਖਲ ਕੀਤੇ, ਜਿਨ੍ਹਾਂ ਵਿੱਚੋਂ 26 ਦੇ ਪੱਤਰ ਮਨਜ਼ੂਰ ਕੀਤੇ ਗਏ ਨੇ। ਪਟਿਆਲਾ ਤੋਂ 34 ਉਮੀਦਵਾਰਾਂ ਨੇ 49 ਨਾਮਜ਼ਦਗੀ ਪੱਤਰ ਦਾਖਲ ਕੀਤੇ, ਜਿਨ੍ਹਾਂ ਵਿੱਚੋਂ 27 ਉਮੀਦਵਾਰਾਂ ਦੇ ਪੱਤਰ ਸਹੀ ਪਾਏ ਗਏ ਨੇ।

-----------------------------------------------------------

ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਫਰੀਦਕੋਟ ਵਿਖੇ ਦੂਸਰੀ ਰੈਂਡੇ-ਮਾਈਜੇਸ਼ਨ ਜਨਰਲ ਆਬਜਰਵਰ ਰੂਹੀ ਖਾਨ ਦੀ ਨਿਗਰਾਨੀ ਹੇਠ ਹੋਈ। ਜਿਸ ਤਹਿਤ 668 ਪੋਲਿੰਗ ਪਾਰਟੀਆਂ ਨੂੰ 511 ਪੋਲਿੰਗ ਬੂਥਾਂ ਤੇ ਸਾਫਟਵੇਅਰ ਦੀ ਮਦਦ ਨਾਲ ਬਿਨਾਂ ਕਿਸੇ ਮਨੁੱਖੀ ਦਖਲ ਤੇ ਲਗਾਇਆ ਗਿਆ। ਇਸ ਮੌਕੇ ਰਿਟਰਨਿੰਗ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ। ਜਨਰਲ ਆਬਜਰਵਰ ਰੂਹੀ ਖਾਨ ਨੇ ਦੱਸਿਆ ਕਿ ਹਰ ਪੋਲਿੰਗ ਸਟੇਸ਼ਨ ਤੇ ਚਾਰ ਪੋਲਿੰਗ

ਪਾਰਟੀਆਂ ਦੇ ਮੁਲਾਜ਼ਮ ਤੈਨਾਤ ਕੀਤੇ ਗਏ ਨੇ ਜਿਹੜੇ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਆਦਰਸ਼ ਚੋਣ ਜਾਬਤੇ ਤਹਿਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣਗੇ। ਉਨਾਂ ਕਿਹਾ ਕਿ ਫਰੀਦਕੋਟ ਲੋਕ ਸਭਾ ਹਲਕੇ ਤਹਿਤ ਸਾਰੇ 9 ਵਿਧਾਨ ਸਭਾ ਹਲਕਿਆਂ ਦੇ ਪੋਲਿੰਗ ਬੂਥਾਂ ਤੇ ਪਾਰਦਰਸ਼ੀ ਢੰਗ ਨਾਲ ਬਿਨਾਂ ਕਿਸੇ ਡਰ, ਭੈਅ ਤੇ ਭੇਦਭਾਵ ਦੇ ਵੋਟਾਂ ਭੁਗਤਾਈਆਂ ਜਾਣਗੀਆਂ । ਸਿਵਲ ਤੇ ਪੁਲਿਸ ਪ੍ਰਸ਼ਾਸਨ ਤੋਂ ਇਲਾਵਾ ਕੇਂਦਰੀ ਸੁਰੱਖਿਆ ਬਲਾਂ ਦੀਆਂ ਟੁਕੜੀਆਂ ਨੂੰ ਵੀ ਲੋਕਾਂ ਵਿੱਚ ਸੁਰੱਖਿਆ ਭਾਵਨਾ ਪੈਦਾ ਕਰਨ ਲਈ ਤੈਨਾਤ ਕੀਤਾ ਜਾਵੇਗਾ।

---------------------------------------------------------

ਸਵੀਪ ਗਤੀਵਿਧੀਆਂ ਤਹਿਤ ਰੂਪਨਗਰ ਵਿਖੇ ਫਲੈਸ਼ ਮੋਬ ਦੇ ਜਰੀਏ ਕਲ ਵੋਟਰਾਂ ਨੂੰ ਜਾਗਰੂਕ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਨਿਵੇਕਲੇ ਢੰਗ ਨਾਲ ਵੱਖ-ਵੱਖ ਗੀਤਾਂ ਉੱਤੇ ਨੱਚ ਕੇ ਪੇਸ਼ਕਾਰੀ ਦਿੰਦੇ ਹੋਏ ਵੋਟਰਾਂ ਨੂੰ ਆਪਣੇ ਵੱਲ ਆਕਰਸ਼ਿਤ ਕੀਤਾ। ਹਲਕਾ ਰੂਪਨਗਰ ਦੀ ਸਵੀਪ ਟੀਮ ਨੇ ਸ਼ਿਵਾਲਿਕ ਪਬਲਿਕ ਸਕੂਲ ਰੂਪਨਗਰ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਫਲੈਸ਼ ਮੋਬ ਕੀਤਾ ।

ਵਿਦਿਆਰਥੀਆਂ ਨੇ ਪਹਿਲਾਂ ਡਿਪਟੀ ਕਮਿਸ਼ਨਰ ਦਫ਼ਤਰ ਜ਼ਿਲ੍ਹਾ ਸਕੱਤਰੇਤ ਅਤੇ ਉਸ ਤੋਂ ਬਾਅਦ ਸਰਕਾਰੀ ਕਾਲਜ ਵਿਖੇ ਜਾ ਕੇ ਉਥੋਂ ਦੇ ਵੋਟਰਾਂ ਨੂੰ ਫਲੈਸ਼ ਮੋਬ ਰਾਹੀਂ ਲੋਕ ਸਭਾ ਚੋਣਾਂ ਪ੍ਰਤੀ ਜਾਗਰੂਕ ਕੀਤਾ। ਜ਼ਿਲ੍ਹਾ ਖੇਡ ਅਫਸਰ ਕੁਲਦੀਪ ਚੁੱਘ ਅਤੇ ਅਸਿਸਟੈਂਟ ਨੋਡਲ ਅਫਸਰ ਵਰਿੰਦਰ ਸਿੰਘ ਨੇ ਸਮੂਹ ਵੋਟਰਾਂ ਨੂੰ ਪਹਿਲੀ ਜੂਨ ਨੂੰ ਪਰਿਵਾਰ ਸਮੇਤ ਵੋਟ ਪਾਉਣ ਦੀ ਅਪੀਲ ਕੀਤੀ ਅਤੇ ਨਾਲ ਹੀ ਚੋਣ ਕਮਿਸ਼ਨ ਦੀ ਹਦਾਇਤਾਂ ਅਨੁਸਾਰ 'ਗਰੀਨ ਇਲੈਕਸ਼ਨ' ਦਾ ਸੁਨੇਹਾ ਲੋਕਾਂ ਨੂੰ ਦਿੱਤਾ, ਜਿਸ ਅਧੀਨ ਲੋਕਾਂ ਨੂੰ ਵਾਤਾਵਰਨ ਬਚਾਉਣ ਲਈ ਪ੍ਰਦੂਸ਼ਣ ਘੱਟ ਕਰਨ, ਪਰਾਲੀ ਨਾ ਸਾੜਨ, ਰਸਾਇਣਿਕ ਖਾਦਾਂ ਦੀ ਘੱਟ ਵਰਤੋਂ, ਪਾਣੀ ਦੀ ਸਾਂਭ ਸੰਭਾਲ ਅਤੇ ਵੱਧ ਤੋਂ ਵੱਧ ਰੁੱਖ ਲਾਉਣ ਦੀ ਅਪੀਲ ਕੀਤੀ।

---------------------------------------------------------------------

ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਖੇਤਾਂ ਵਿਚ ਹੀ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਜਾਰੀ ਨੇ। ਖਾਸ ਤੌਰ ਤੇ ਸਰਹੱਦੀ ਜ਼ਿਲਿਆਂ ਵਿਚ ਅਜਿਹੀਆਂ ਘਟਨਾਵਾਂ ਤੇਜੀ ਨਾਲ ਵੱਧ ਰਹੀਆਂ ਨੇ। ਸਰਕਾਰੀ ਅੰਕੜਿਆਂ ਅਨੁਸਾਰ ਕੱਲ ਨਾੜ ਸਾੜਨ ਦੇ ਕੁਲ 529

ਮਾਮਲੇ ਸਾਹਮਣੇ ਆਏ ਜਿਸ ਨਾਲ ਸੂਬੇ ਵਿਚ ਹੁਣ ਤਕ ਅੱਗ ਲਗਾਉਣ ਦੇ ਮਾਮਲਿਆਂ ਦੀ ਕੁਲ ਗਿਣਤੀ 8 ਹਜ਼ਾਰ 357 ਹੋ ਗਈ ਏ। ਬੀਤੇ ਕਲ ਨਾੜ ਸਾੜਨ ਦੀਆਂ ਸਬ ਤੋਂ ਵੱਧ ਘਟਨਾਵਾਂ ਅੰਮ੍ਰਿਤਸਰ ਜ਼ਿਲੇ ਵਿਚ 114 ਦਰਜ਼ ਕੀਤੀਆਂ ਗਈਆਂ ਜਦਕਿ ਤਰਨਤਾਰਨ ਵਿਚ 86 ਅਤੇ ਗੁਰਦਾਸਪੁਰ ਵਿਚ 55 ਥਾਂਵਾਂ ਤੇ ਖੇਤਾਂ ਵਿਚ ਹੀ ਨਾੜ ਨੂੰ ਅੱਗ ਲਗਾਈ ਗਈ।

---

ਪੰਜਾਬ ਵਿਚ ਗਰਮੀ ਆਪਣਾ ਰੰਗ ਵਿਖਾ ਰਹੀ ਏ। ਸਵੇਰ ਤੋਂ ਹੀ ਤਿੱਖੀ ਧੁੱਪ ਨਾਲ ਮੌਸਮ ਖੁਸ਼ਕ ਬਣਿਆ ਹੋਇਆ ਏ ਜਿਸ ਨਾਲ ਵੱਧ ਤੋਂ ਵੱਧ ਤਾਪਮਾਨ ਵਿਚ ਕੋਈ 4 ਡਿਗਰੀ ਸੈਲਸੀਅਸ ਤਕ ਦੇ ਵਾਧੇ ਦੀ ਸੰਭਾਵਨਾ ਏ। ਮੌਸਮ ਵਿਭਾਗ ਅਨੁਸਾਰ ਅੱਜ ਤੋਂ 18 ਮਈ ਵਿਚਾਲੇ ਸੂਬੇ ਦੇ ਕਈ ਹਿੱਸਿਆਂ ਵਿੱਚ ਤਾਪਮਾਨ 44 ਤੋਂ 46 ਡਿਗਰੀ ਸੈਲਸੀਅਸ ਤੱਕ ਪਹੁੰਚ ਸਕਦਾ ਏ। ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਰੂਪਨਗਰ ਜ਼ਿਲਿਆਂ ਨੂੰ ਛੱਡ ਕੇ ਅੱਜ ਸਮੁਚੇ ਪੰਜਾਬ ਵਿਚ ਲੂ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਗਿਆ ਏ ਜਦਕਿ ਭਲਕੇ 17 ਮਈ ਨੂੰ ਸਮੁਚੇ

ਪੰਜਾਬ ਵਿਚ ਲੂ ਦੇ ਹਾਲਾਤ ਰਹਿਣਗੇ । 18 ਮਈ ਨੂੰ ਫਾਜ਼ਿਲਕਾ, ਫਰੀਦਕੋਟ, ਮੁਕਤਸਰ ਤੇ ਬਠਿੰਡਾ ਲਈ ਓਰੇਂਜ ਜਦਕਿ ਬਾਕੀ ਜ਼ਿਲਿਆਂ ਲਈ ਲੂ ਦਾ ਯੈਲੋ ਅਲਰਟ ਏ । ਵਿਭਾਗ ਨੇ ਲੂ ਦੇ ਇਸ ਸੰਭਾਵਤ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਅਤੇ ਜਰੂਰੀ ਹੋਣ ਤੇ ਹੀ ਬਾਹਰ ਨਿਕਲਣ ਦੀ ਸਲਾਹ ਦਿੱਤੀ ਏ ।